# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਅਕਾਲੀ ਭਾਜਪਾ ਕੌਂਸਲਰਾਂ ਨੇ ਡਾ: ਰਮਨ ਘਈ ਨੂੰ ਕੀਤਾ ਸਨਮਾਨਿਤ

ਹੁਸ਼ਿਆਰਪੁਰ 29 ਮਈ ਨਗਰ ਨਿਗਮ ਦੇ ਡਾ: ਬੀ.ਆਰ ਅੰਬੇਦਕਰ ਮੀਟਿੰਗ ਹਾਲ ਵਿਖੇ ਮੇਅਰ ਸ਼ਿਵ ਸੂਦ ਦੀ ਅਗਵਾਈ ਵਿਚ ਅਕਾਲੀ ਭਾਜਪਾ ਕੌਂਸਲਰਾਂ ਵਲੋਂ ਡਾ: ਰਮਨ ਘਈ ਦੇ ਜਿਲਾ ਪ੍ਰਧਾਨ ਭਾਜਪਾ ਬਣਨ ਤੇ ਇਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਵੀ ਇਸ ਸਮਾਰੋਹ ਵਿਚ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਨਗਰ ਨਿਗਮ ਦੇ ਸਮੂਹ ਅਕਾਲੀ ਭਾਜਪਾ ਕੌਂਸਲਰਾਂ ਨੇ ਇਸ ਮੌਕੇ ਤੇ ਡਾ: ਰਮਨ ਘਈ ਨੂੰ ਵਧਾਈ ਦਿੱਤੀ ਅਤੇ ਤਿਕਸ਼ਨ ਸੂਦ, ਮੇਅਰ ਸ਼ਿਵ ਸੂਦ, ਪ੍ਰੇਮ ਸਿੰਘ ਪਿੱਪਲਾਂਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਅਵਤਾਰ ਸਿੰਘ ਜ਼ੌਹਲ ਅਤੇ ਕੌਂਸਲਰ ਅਸ਼ੋਕ ਕੁਮਾਰ ਨੇ ਸਮੂਹ ਅਕਾਲੀ ਭਾਜਪਾ ਕੌਂਸਲਰਾਂ ਵਲੋਂ ਡਾ: ਰਮਨ ਘਈ ਨੂੰ ਬੁੱਕੇ ਦੇ ਕੇ ਸਨਮਾਨਿਤ ਕੀਤਾ।

ਡਾ: ਰਮਨ ਘਈ ਨੇ ਇਸ ਮੌਕੇ ਤੇ ਸਮੂਹ ਕੌਂਸਲਰਾਂ ਨੂੰ ਸੰਬੋਧਨ ਕਰਦਿਆ ਹੋਏ ਕਿਹਾ ਕਿ ਭਾਜਪਾ ਨੇ ਜ਼ੋ ਉਹਨਾਂ ਨੂੰ ਜੁੰਮੇਵਾਰੀ ਦਿੱਤੀ ਹੈ ਉਹ ਉਸਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਉਹ ਕੇਂਦਰ ਦੀ ਮੋਦੀ ਸਰਕਾਰ ਅਤੇ ਅਕਾਲੀ ਭਾਜਪਾ ਸਰਕਾਰ ਵਲੋਂ ਚਲਾਈਆਂ ਜਾ ਰਹੀਆ ਭਲਾਈ ਸਕੀਮਾਂ ਨੂੰ ਆਮ ਲੋਕਾਂ ਤੱਕ ਪਹੰਚਾਉਣ ਲਈ ਪੂਰਾ ਯਤਨ ਕਰਨਗੇ। ਨਗਰ ਨਿਗਮ ਦੇ ਸਮੂਹ ਅਕਾਲੀ ਭਾਜਪਾ ਕੌਂਸਲਰਾ ਨੇ ਜਿਲਾ ਪ੍ਰਧਾਨ ਭਾਜਪਾ ਡਾ: ਰਮਨ ਘਈ ਨੂੰ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦੁਆਇਆ।